ਰਾਮਕਲੀ ਮਹਲਾ ੫ ॥ ਆਵਤ ਹਰਖ ਨ ਜਾਵਤ ਦੂਖਾ ਨਹ ਬਿਆਪੈ ਮਨ ਰੋਗਨੀ ॥ ਸਦਾ ਅਨੰਦੁ ਗੁਰੁ ਪੂਰਾ ਪਾਇਆ ਤਉ ਉਤਰੀ ਸਗਲ ਬਿਓਗਨੀ ॥੧॥ ਇਹ ਬਿਧਿ ਹੈ ਮਨੁ ਜੋਗਨੀ ॥ ਮੋਹੁ ਸੋਗੁ ਰੋਗੁ ਲੋਗੁ ਨ ਬਿਆਪੈ ਤਹ ਹਰਿ ਹਰਿ ਹਰਿ ਰਸ ਭੋਗਨੀ ॥੧॥ ਰਹਾਉ ॥ ਸੁਰਗ ਪਵਿਤ੍ਰਾ ਮਿਰਤ ਪਵਿਤ੍ਰਾ ਪਇਆਲ ਪਵਿਤ੍ਰ ਅਲੋਗਨੀ ॥ ਆਗਿਆਕਾਰੀ ਸਦਾ ਸੁਖੁ ਭੁੰਚੈ ਜਤ ਕਤ ਪੇਖਉ ਹਰਿ ਗੁਨੀ ॥੨॥ ਨਹ ਸਿਵ ਸਕਤੀ ਜਲੁ ਨਹੀ ਪਵਨਾ ਤਹ ਅਕਾਰੁ ਨਹੀ ਮੇਦਨੀ ॥ ਸਤਿਗੁਰ ਜੋਗ ਕਾ ਤਹਾ ਨਿਵਾਸਾ ਜਹ ਅਵਿਗਤ ਨਾਥੁ ਅਗਮ ਧਨੀ ॥੩॥ ਤਨੁ ਮਨੁ ਹਰਿ ਕਾ ਧਨੁ ਸਭੁ ਹਰਿ ਕਾ ਹਰਿ ਕੇ ਗੁਣ ਹਉ ਕਿਆ ਗਨੀ ॥ ਕਹੁ ਨਾਨਕ ਹਮ ਤੁਮ ਗੁਰਿ ਖੋਈ ਹੈ ਅੰਭੈ ਅੰਭੁ ਮਿਲੋਗਨੀ ॥ ੪॥੩॥ {ਪੰਨਾ 883}

ਪਦਅਰਥ:- ਆਵਤ—ਆਉਂਦਿਆਂ, ਕੋਈ ਮਾਇਕ ਲਾਭ ਹੋਇਆਂ। ਹਰਖ—ਖ਼ੁਸ਼ੀ। ਜਾਵਤ—ਕੋਈ ਨੁਕਸਾਨ ਹੁੰਦਿਆਂ। ਬਿਆਪੈ—ਆਪਣਾ ਜ਼ੋਰ ਪਾ ਸਕਦਾ। ਮਨ ਰੋਗਨੀ—ਮਨ ਦਾ ਰੋਗ, ਚਿੰਤਾ। ਤਉ—ਤਦੋਂ। ਸਗਲ—ਸਾਰੀ। ਬਿਓਗਨੀ—ਵਿਛੋੜਾ।1।

ਇਹ ਬਿਧਿ—ਇਸ ਕਿਸਮ ਦਾ। ਜੋਗਨੀ—ਜੁੜਿਆ ਹੋਇਆ। ਲੋਗੁ—ਲੋਕ-ਲਾਜ। ਤਹ—ਉਸ ਅਵਸਥਾ ਵਿਚ।1। ਰਹਾਉ।

ਮਿਰਤ—ਮਾਤ-ਲੋਕ। ਪਇਆਲ—ਪਾਤਾਲ। ਅਲੋਗਨੀ—ਲੋਕ-ਲਾਜ ਤੋਂ ਰਹਿਤ। ਭੁੰਚੈ—ਮਾਣਦਾ ਹੈ। ਜਤ ਕਤ—ਜਿੱਥੇ ਕਿੱਥੇ, ਹਰ ਥਾਂ। ਪੇਖਉ—ਪੇਖਉਂ, ਮੈਂ ਵੇਖਦਾ ਹਾਂ। ਗੁਨੀ—ਗੁਣਾਂ ਦਾ ਮਾਲਕ।2।

ਸਿਵ ਸਕਤੀ—ਸ਼ਿਵ ਦੀ ਸ਼ਕਤੀ, ਰਿੱਧੀਆਂ ਸਿੱਧੀਆਂ। ਜਲੁ—ਪਾਣੀ, ਤੀਰਥ-ਇਸ਼ਨਾਨ। ਪਵਨਾ—ਹਵਾ, ਪ੍ਰਾਣਾਯਾਮ। ਤਹ—ਉਸ ਅਵਸਥਾ ਵਿਚ। ਅਕਾਰੁ—ਆਕਾਰ, ਰੂਪ। ਮੇਦਨੀ—ਧਰਤੀ (ਦੇ ਪਦਾਰਥ)। ਜੋਗ—ਮਿਲਾਪ। ਅਵਿਗਤ—ਅਵਿਅਕਤ, ਅਦ੍ਰਿਸ਼ਟ ਪ੍ਰਭੂ। ਅਗਮ—ਅਪਹੁੰਚ। ਧਨੀ—ਮਾਲਕ।3।

ਹਉ—ਮੈਂ। ਗਨੀ—ਗਨੀਂ, ਮੈਂ ਗਿਣਾਂ। ਹਮ ਤੁਮ—ਮੇਰ-ਤੇਰ। ਗੁਰਿ—ਗੁਰੂ ਨੇ। ਅੰਭੈ—ਪਾਣੀ ਵਿਚ। ਅੰਭੁ—ਪਾਣੀ {AzBs`}।

ਅਰਥ:- (ਹੇ ਭਾਈ! ਗੁਰੂ ਦੀ ਕਿਰਪਾ ਨਾਲ ਮੇਰਾ) ਮਨ ਇਸ ਤਰ੍ਹਾਂ (ਪ੍ਰਭੂ-ਚਰਨਾਂ ਵਿਚ) ਜੁੜਿਆ ਹੋਇਆ ਹੈ, ਕਿ ਇਸ ਉੱਤੇ ਮੋਹ, ਗ਼ਮ, ਰੋਗ, ਲੋਕ-ਲਾਜ ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ। ਇਸ ਅਵਸਥਾ ਵਿਚ (ਇਹ ਮੇਰਾ ਮਨ) ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣ ਰਿਹਾ ਹੈ।1। ਰਹਾਉ।

ਹੇ ਭਾਈ! ਜਦੋਂ ਤੋਂ (ਮੈਨੂੰ) ਪੂਰਾ ਗੁਰੂ ਮਿਲਿਆ ਹੈ, ਤਦੋਂ ਤੋਂ (ਮੇਰੇ ਅੰਦਰੋਂ ਪ੍ਰਭੂ ਨਾਲੋਂ) ਸਾਰੀ ਵਿੱਥ ਮੁੱਕ ਚੁਕੀ ਹੈ, (ਮੇਰੇ ਅੰਦਰ) ਹਰ ਵੇਲੇ ਆਨੰਦ ਬਣਿਆ ਰਹਿੰਦਾ ਹੈ। ਹੁਣ ਜੇ ਕੋਈ ਮਾਇਕ ਲਾਭ ਹੋਵੇ ਤਾਂ ਖ਼ੁਸ਼ੀ ਆਪਣਾ ਜ਼ੋਰ ਨਹੀਂ ਪਾਂਦੀ, ਜੇ ਕੋਈ ਨੁਕਸਾਨ ਹੋ ਜਾਏ ਤਾਂ ਦੁੱਖ ਨਹੀਂ ਵਾਪਰਦਾ, ਕੋਈ ਭੀ ਚਿੰਤਾ ਆਪਣਾ ਦਬਾਉ ਨਹੀਂ ਪਾ ਸਕਦੀ।1।

(ਹੇ ਭਾਈ! ਗੁਰੂ ਦੀ ਕਿਰਪਾ ਨਾਲ ਮੇਰੇ ਇਸ ਮਨ ਨੂੰ) ਸੁਰਗ, ਮਾਤ-ਲੋਕ, ਪਾਤਾਲ (ਇਕੋ ਜਿਹੇ ਹੀ) ਪਵਿੱਤਰ ਦਿੱਸ ਰਹੇ ਹਨ, ਕੋਈ ਲੋਕ-ਲਾਜ ਭੀ ਨਹੀਂ ਪੋਂਹਦੀ। (ਗੁਰੂ ਦੀ) ਆਗਿਆ ਵਿਚ ਰਹਿ ਕੇ (ਮੇਰਾ ਮਨ) ਸਦਾ ਆਨੰਦ ਮਾਣ ਰਿਹਾ ਹੈ। ਹੁਣ ਮੈਂ ਜਿਧਰ ਵੇਖਦਾ ਹਾਂ ਉਧਰ ਹੀ ਸਾਰੇ ਗੁਣਾਂ ਦਾ ਮਾਲਕ-ਪ੍ਰਭੂ ਹੀ ਮੈਨੂੰ ਦਿੱਸਦਾ ਹੈ।2।

ਹੇ ਭਾਈ! ਹੁਣ ਮੇਰੇ ਇਸ ਮਨ ਵਿਚ ਗੁਰੂ ਦੇ ਮਿਲਾਪ ਦਾ ਸਦਾ ਲਈ ਨਿਵਾਸ ਹੋ ਗਿਆ ਹੈ, ਅਦ੍ਰਿਸ਼ਟ ਅਪਹੁੰਚ ਮਾਲਕ ਖਸਮ-ਪ੍ਰਭੂ ਭੀ ਉਥੇ ਹੀ ਵੱਸਦਾ ਦਿੱਸ ਪਿਆ ਹੈ। ਹੁਣ ਇਸ ਮਨ ਵਿਚ ਰਿੱਧੀਆਂ ਸਿੱਧੀਆਂ, ਤੀਰਥ-

ਇਸ਼ਨਾਨ, ਪ੍ਰਾਣਾਯਾਮ, ਸੰਸਾਰਕ ਰੂਪ, ਧਰਤੀ ਦੇ ਪਦਾਰਥ ਕੋਈ ਭੀ ਨਹੀਂ ਟਿਕ ਸਕਦੇ।3।

ਹੇ ਨਾਨਕ! ਆਖ—(ਹੇ ਭਾਈ!) ਗੁਰੂ ਨੇ (ਮੇਰੇ ਮਨ ਵਿਚੋਂ) ਮੇਰ-ਤੇਰ ਮੁਕਾ ਦਿੱਤੀ ਹੈ (ਮੈਂ ਹੁਣ ਪ੍ਰਭੂ-ਚਰਨਾਂ ਵਿਚ ਇਉਂ ਮਿਲ ਗਿਆ ਹਾਂ, ਜਿਵੇਂ) ਪਾਣੀ ਵਿਚ ਪਾਣੀ ਮਿਲ ਜਾਂਦਾ ਹੈ। (ਹੁਣ ਮੈਨੂੰ ਸਮਝ ਆ ਗਈ ਹੈ ਕਿ) ਇਹ ਸਰੀਰ, ਇਹ ਜਿੰਦ, ਇਹ ਧਨ ਸਭ ਕੁਝ ਉਸ ਪ੍ਰਭੂ ਦਾ ਹੀ ਦਿੱਤਾ ਹੋਇਆ ਹੈ (ਉਹ ਬੜਾ ਬਖ਼ਸ਼ਿੰਦ ਹੈ) ਮੈਂ ਉਸ ਦੇ ਕੇਹੜੇ ਕੇਹੜੇ ਗੁਣ ਬਿਆਨ ਕਰ ਸਕਦਾ ਹਾਂ?।4।3।